# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-03-2024**

ਕੇਂਦਰੀ ਗ੍ਰਿਹ ਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ, ਕਿ ਦੇਸ਼ ਦੇ ਵਿਕਾਸ ਵਿੱਚ ਸਹਿਕਾਰੀ ਸਭਾਵਾਂ ਨਿਰਣਾਇਕ ਭੂਮਿਕਾ ਨਿਭਾਉਂਦੀਆਂ ਨੇ। ਨਵੀਂ ਦਿੱਲੀ ਵਿੱਚ ਰਾਸ਼ਟਰੀ ਸਹਿਕਾਰੀ ਡੇਟਾਬੇਸ ਜਾਰੀ ਕਰਨ ਮੌਕੇ, ਉਨ੍ਹਾਂ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਇਨ੍ਹਾਂ ਸਭਾਵਾਂ ਨੂੰ ਹੋਰ ਸੰਗਠਿਤ ਕਰਨ ਲਈ ਵਚਨਬੱਧ ਏ। ਇਸ ਡੇਟਾਬੇਸ ਵਿੱਚ 8 ਲੱਖ ਤੋਂ ਵੱਧ ਸਹਿਕਾਰੀ ਸਭਾਵਾਂ ਦੀ ਜਾਣਕਾਰੀ ਉਪਲਬਧ ਏ। ਇਹ ਸਹਿਕਾਰੀ ਖੇਤਰ ਵਿੱਚ ਉਪਲਬਧ ਜਾਣਕਾਰੀ ਦੇ ਆਧਾਰ 'ਤੇ ਫੈਸਲੇ ਲੈਣ ਦੀ ਸਹੂਲਤ ਦੇਵੇਗਾ। ਅਮਿਤ ਸ਼ਾਹ ਨੇ ਕਿਹਾ ਕਿ ਇਹ ਭਾਰਤ ਨੂੰ ਆਤਮ-ਨਿਰਭਰ ਬਣਾਉਣ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਮਦਦਗਾਰ ਹੋਵੇਗਾ। ਉਨ੍ਹਾਂ ਰਾਸ਼ਟਰੀ ਸਹਿਕਾਰੀ ਡਾਟਾਬੇਸ-2023: ਇਕ ਰਿਪੋਰਟ ਵੀ ਜਾਰੀ ਕੀਤੀ।

------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਟਿਊਬਵੈੱਲ, ਵਪਾਰਕ ਅਤੇ ਰਿਹਾਇਸ਼ੀ ਬਿਜਲੀ ਕੁਨੈਕਸ਼ਨਾਂ ਲਈ ਸਵੈ-ਇੱਛਤ ਖੁਲਾਸਾ ਯੋਜਨਾ ਵੀ.ਡੀ.ਐਸ. ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਚੰਡੀਗੜ ਵਿੱਚ ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਨੂੰ ਇਹ ਯੋਜਨਾਵਾਂ ਖੇਤੀਬਾੜੀ, ਰਿਹਾਇਸ਼ੀ ਅਤੇ ਵਪਾਰਕ ਬਿਜਲੀ ਕੁਨੈਕਸ਼ਨ ਰੱਖਣ ਵਾਲੇ ਖਪਤਕਾਰਾਂ ਲਈ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਉਨ੍ਹਾਂ ਕਿਹਾ ਕਿ ਖੇਤੀ ਕੁਨੈਕਸ਼ਨ ਵਾਲੇ ਖਪਤਕਾਰ ਜਿਹੜੇ ਆਪਣੇ ਟਿਊਬਵੈੱਲ ਕੁਨੈਕਸ਼ਨਾਂ ਦਾ ਲੋਡ ਵਧਾਉਣ ਦੇ ਇੱਛੁਕ ਨੇ, ਉਨ੍ਹਾਂ ਨੂੰ ਹੁਣ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਵੱਲੋਂ ਨਿਰਧਾਰਿਤ 4750 ਰੁਪਏ ਪ੍ਰਤੀ ਹਾਰਸ ਪਾਵਰ ਦੇ ਮੁਕਾਬਲੇ 2500 ਰੁਪਏ ਪ੍ਰਤੀ ਹਾਰਸ ਪਾਵਰ ਦੇ ਤੌਰ 'ਤੇ ਸਰਵਿਸ ਚਾਰਜਿਜ਼ ਅਦਾ ਕਰਨੇ ਪੈਣਗੇ। ਉਨ੍ਹਾਂ ਖੇਤੀਬਾੜੀ, ਰਿਹਾਇਸ਼ੀ ਅਤੇ ਵਪਾਰਕ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ, ਇਸ ਸਕੀਮ ਦਾ ਵੱਧ

ਤੋਂ ਵੱਧ ਲਾਭ ਲੈਣ ਅਤੇ ਲੋਡ ਵਧਾਉਣ ਲਈ ਪੀ.ਐਸ.ਪੀ.ਸੀ. ਐਲ. ਦੇ ਅਧਿਕਾਰੀਆਂ ਕੋਲ ਅਪਲਾਈ ਕਰਨ।

---------------------------------------------------

ਚੋਣਾਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਦੇਸ਼ ਭਰ ਵਿੱਚ ਵਿਆਪਕ ਵੋਟਰ ਜਾਗਰੂਕਤਾ ਮੁਹਿੰਮ - 'ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ' ਚਲਾਈ ਜਾ ਰਹੀ ਏ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਖਾਸ ਤੌਰ ਤੇ ਨੌਜਵਾਨ ਵੋਟਰਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਰ ਵਰਗ ਦੇ ਲੋਕਾਂ ਨੂੰ, ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਵਿੱਚ 'ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ' ਮੁਹਿੰਮ ਬਾਰੇ ਸੰਦੇਸ਼ ਫੈਲਾਉਣ ਦੀ ਅਪੀਲ ਕੀਤੀ ਏ। ਇਸਨੂੰ ਲੈਕੇ ਵੱਖ ਵੱਖ ਉਘੀਆਂ ਹਸਤੀਆਂ ਅਪੀਲ ਕਰ ਰਹੀਆਂ ਨੇ।

---------------------------------------------------

ਪੰਜਾਬ BJP ਇੱਕ ਨਿਵੇਕਲੀ ਪਹਿਲਕਦਮੀ ਕਰਦਿਆਂ, ਲੋਕ ਸਭਾ ਚੋਣਾਂ ਤੋਂ ਪਹਿਲਾਂ ਆਪਣਾ ਚੋਣ ਮਨੋਰਥ ਪੱਤਰ ਜਾਂ ਸੰਕਲਪ ਪੱਤਰ ਤਿਆਰ ਕਰਨ ਲਈ ਸੂਬੇ ਦੇ ਲੋਕਾਂ ਦੇ ਸੁਝਾਅ ਲਵੇਗੀ। ਪਾਰਟੀ ਪ੍ਰਧਾਨ

ਸੁਨੀਲ ਜਾਖੜ ਨੇ ਕਲ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਜਾਣਕਾਰੀ ਦਿੱਤੀ। ਉਨਾਂ ਕਿਹਾ ਕਿ ਵੋਟਰਾਂ ਤੋਂ ਸੁਝਾਅ ਲੈਣ ਲਈ ਸਾਰੇ ਹੀ 13 ਲੋਕ ਸਭਾ ਹਲਕਿਆਂ ਵਿਚ 2 ਵੈਨਾਂ ਭੇਜੀਆਂ ਜਾਣਗੀਆਂ, ਜਿਸ ਰਾਹੀਂ ਲੋਕਾਂ ਦੇ ਸੁਝਾਅ ਅਤੇ ਮੰਗਾਂ ਦੀ ਜਾਣਕਾਰੀ ਇਕੱਤਰ ਕੀਤੀ ਜਾਵੇਗੀ । ਇਸ ਪ੍ਰਕਿਰਿਆ ਰਾਹੀਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਪੰਜਾਬ ਦੇ ਸਾਰੇ ਸੰਸਦੀ ਹਲਕਿਆਂ ਦੇ ਮੁੱਦਿਆਂ ਦੀ ਸ਼ਨਾਖਤ ਕਰ ਕੇ ਲੋਕਾਂ ਦੀਆਂ ਭਾਵਨਾਵਾਂ ਅਨੁਸਾਰ ਸੰਭਾਵਿਤ ਕੰਮ ਕਰਨ ਦੀ 'ਮੋਦੀ 'ਦੀ ਗਾਰੰਟੀ' ਦਿੱਤੀ ਜਾਵੇਗੀ । ਸੁਨੀਲ ਜਾਖੜ ਨੇ ਕਿਹਾ ਕਿ ਜਿਵੇਂ ਵਿਧਾਨ ਸਭਾ 'ਚ ਤਾਲਾਬੰਦੀ ਅਤੇ ਰੋਲੇ- ਰੱਪੇ ਦਾ ਮਾਹੌਲ ਬਣਿਆ ਹੋਇਆ ਏ, ਇਸ ਨਾਲ ਵਿਧਾਨ ਸਭਾ ਵਰਗੇ ਲੋਕਰਾਜ ਦੇ ਮੰਦਰ ਦੀ ਮਰਿਆਦਾ ਨੂੰ ਬਹੁਤ ਢਾਹ ਲੱਗੀ ਏ । ਉਹਨਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ  ਤੇ ਕਾਂਗਰਸ ਨੇ ਵਿਧਾਨ ਸਭਾ ਦੀ ਮਰਿਆਦਾ ਨੂੰ ਸ਼ਰਮਸਾਰ ਕੀਤਾ ਏ।

---------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ.

ਬਲਜੀਤ ਕੌਰ ਨੇ ਕਿਹਾ ਏ ਕਿ ਸਮਾਜਕ ਸੁਰੱਖਿਆ ਵਿਭਾਗ ਵੱਲੋਂ ਸੂਬੇ ਵਿੱਚ ਪੋਸ਼ਣ ਪੰਦਰਵਾੜਾ ਅਜ ਤੋਂ 23 ਮਾਰਚ ਤੱਕ ਮਨਾਇਆ ਜਾਵੇਗਾ। ਚੰਡੀਗੜ੍ਹ ਵਿਚ ਉਨਾਂ ਦੱਸਿਆ ਕਿ ਪੋਸ਼ਣ ਪੰਦਰਵਾੜਾ  ਕੁਪੋਸ਼ਣ ਦੇ ਵੱਧ ਸ਼ਿਕਾਰ  ਅਤੇ ਅੰਸ਼ਕ ਤੌਰ ‘ਤੇ ਕੁਪੋਸ਼ਣ ਦੇ ਸ਼ਿਕਾਰ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ 'ਤੇ ਧਿਆਨ ਕੇਂਦ੍ਰਿਤ ਕਰਨ ਨਾਲ ਸਬੰਧਤ ਏ। ਪੋਸ਼ਣ ਪਖਵਾੜਾ ਗਰਭਵਤੀ ਔਰਤਾਂ, ਛੋਟੇ ਬੱਚਿਆਂ ਦੀਆ ਮਾਵਾਂ, ਕਿਸ਼ੋਰ ਲੜਕੀਆਂ ਅਤੇ 6 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿੱਚ ਪੋਸ਼ਣ ਸਬੰਧੀ ਨਤੀਜਿਆਂ ਨੂੰ ਸੰਪੂਰਨ ਰੂਪ ਵਿੱਚ ਬਿਹਤਰ ਬਣਾਉਣ ਦਾ ਯਤਨ ਕਰਦਾ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਨੂੰ ਵੱਡੇ ਪੱਧਰ ‘ਤੇ ਚਲਾਉਣ ਲਈ ਵੱਖ ਵੱਖ ਵਿਭਾਗਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ।

---------------------------------------------------------------------

ਸੀਮਾ ਸੁਰੱਖਿਆ ਬਲ ਵਲੋਂ ਗੁਰਦਾਸਪੁਰ ਦੇ ਧਾਰੀਵਾਲ ਪਿੰਡ ਦੇ ਖੇਤਾਂ ਵਿੱਚ ਕੱਲ, 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਏ। ਬੱਲ ਦੀ 58 ਬਟਾਲੀਅਨ ਦੇ ਜਵਾਨਾਂ ਨੂੰ ਪਿੰਡ ਧਾਰੀਵਾਲ ਦੇ ਖੇਤਾਂ 'ਚ ਤਲਾਸ਼ੀ ਅਭਿਆਨ ਦੌਰਾਨ ਇਹ ਹੈਰੋਇਨ ਬਰਾਮਦ ਹੋਈ। ਇਹ

ਇਲਾਕਾ ਭਰਿਆਲ ਨਿੱਕਾ ਪੋਸਟ ਪਿੰਡ ਥਾਣਾ ਬਹਿਰਾਮਪੁਰ ਅਧੀਂਨ ਆਉਂਦਾ ਏ ।